I/31605/2020

ਜਿਲਾ ਲੋਕ ਸੰਪਰਕ ਅਫਸਰ, ਫਿਰੋਜਪੁਰ

**ਕੈਪਟਨ ਸਰਕਾਰ ਵਲੋਂ 'ਮਿਸ਼ਨ ਫ਼ਤਿਹ' ਤਹਿਤ ਉਸਾਰੀ ਕਿਰਤੀਆਂ ਦੀ ਸੇਵਾ ਕੇਂਦਰਾਂ 'ਚ ਰਜਿਸਟਰੇਸ਼ਨ ਸ਼ੁਰੂ- ਡਿਪਟੀ ਕਮਿਸ਼ਨਰ**

**ਕਿਹਾ, ਕਰਫਿਊ ਅਤੇ ਲਾੱਕਡਾਉਨ ਦੌਰਾਨ ਸਰਕਾਰ ਵਲੋਂ ਜਿਲੇ ਦੇ 21,740 ਮਜਦੂਰਾਂ ਦੇ ਬੈਂਕ ਖਾਤਿਆਂ ਵਿਚ 13.44 ਕਰੋੜ ਰੁਪਏ ਦੀ ਰਕਮ ਭੇਜੀ ਗਈ**

**ਇਸ ਸਕੀਮ ਦਾ ਮੁੱਖ ਮੰਤਵ ਕੋਰੋਨਾ ਵਾਇਰਸ ਖਿਲਾਫ ਚਲ ਰਹੀ ਲੜਾਈ ਦੌਰਾਨ ਉਸਾਰੀ ਕਿਰਤੀਆਂ ਨੂੰ ਵੱਧ ਤੋਂ ਵੱਧ ਰਾਹਤ ਪਹੁੰਚਾਉਣਾ**

ਫਿਰੋਜਪੁਰ, 06 ਜੂਨ 2020-

ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ 'ਮਿਸ਼ਨ ਫ਼ਤਿਹ' ਤਹਿਤ ਉਸਾਰੀ ਕਿਰਤੀਆਂ ਨੂੰ ਰਾਹਤ ਪਹੁੰਚਾਉਣ ਦੇ ਉਦੇਸ਼ ਨਾਲ ਪੰਜਾਬ ਬਿਲਡਿੰਗ ਅਤੇ ਹੋਰ ਉਸਾਰੀ ਕਿਰਤੀ ਭਲਾਈ ਬੋਰਡ ਵਲੋਂ ਜ਼ਿਲੇ ਭਰ ਦੇ ਸਾਰੇ 25 ਸੇਵਾ ਕੇਂਦਰਾਂ ਵਿਖੇ ਯੋਗ ਲਾਭਪਾਤਰੀਆਂ ਦੀ ਰਜਿਸਟਰੇਸ਼ਨ ਕਰਨੀ ਸ਼ੁਰੂ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਫਿਰੋਜਪੁਰ ਸ. ਕੁਲਵੰਤ ਸਿੰਘ ਨੇ ਦੱਸਿਆ ਕਿ ਸਾਰੇ ਮਜ਼ਦੂਰ ਜਿਨਾਂ ਵਿੱਚ ਮਿਸਤਰੀ, ਦਿਹਾੜੀਦਾਰ, ਪਲੰਮਬਰ, ਤਰਖਾਣ, ਪੇਂਟਰ, ਇਲੈਕਟਰੀਸ਼ਨ, ਭੱਠਿਆਂ 'ਤੇ ਕੰਮ ਕਰਨ ਵਾਲੇ ਕਾਮੇ, ਸਟੀਲ ਫਿਕਸਰ, ਵੈਲਡਰ ਆਦਿ ਅਪਣੇ ਨੇੜੇ ਦੇ ਸੇਵਾ ਕੇਂਦਰ ਵਿਖੇ 25 ਰੁਪਏ ਫੀਸ ਦੀ ਅਦਾਇਗੀ ਕਰਕੇ ਅਪਣੇ ਆਪ ਨੂੰ ਸਕੀਮ ਤਹਿਤ ਰਜਿਸਟਰਡ ਕਰਵਾ ਸਕਦੇ ਹਨ। ਉਨਾਂ ਕਿਹਾ ਕਿ ਇਸ ਰਜਿਸਟਰੇਸ਼ਨ ਨਾਲ ਉਹ ਬੋਰਡ ਅਤੇ ਪੰਜਾਬ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਉਠਾਉਣ ਦੇ ਯੋਗ ਹੋ ਸਕਣਗੇ। ਉਨਾਂ ਕਿਹਾ ਕਿ ਸੇਵਾ ਕੇਂਦਰ ਵਿਖੇ ਪ੍ਰੋਸੈਸਿੰਗ ਫੀਸ ਕੇਵਲ 10 ਰੁਪਏ ਹੈ ਜਦਕਿ ਕਿਰਤੀ ਨੂੰ 10 ਰੁਪਏ ਪ੍ਰਤੀ ਮਹੀਨਾ ਯੋਗਦਾਨ ਪਾਉਣਾ ਹੋਵੇਗਾ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਉਸਾਰੀ ਕਿਰਤੀ ਰਜਿਸਟਰੇਸ਼ਨ ਤੋਂ ਬਾਅਦ ਸਹੂਲਤਾਂ ਜਿਵੇਂ ਐਕਸ ਗ੍ਰੇਸ਼ੀਆ, ਆਯੂਸ਼ਮਾਨ ਭਾਰਤ ਸਰਬੱਤ ਸਿਹਤ ਬੀਮਾ ਯੋਜਨਾ, ਵਿਦਿਆਰਥੀਆਂ ਦਾ ਵਜ਼ੀਫਾ ਸਕੀਮ, ਲੜਕੀ ਦੇ ਵਿਆਹ ਅਤੇ ਹੋਰ ਸਕੀਮਾਂ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਉਨਾਂ ਦੱਸਿਆ ਕਿ ਕਰਫ਼ਿਊ/ਲਾਕਡਾਊਨ ਦੌਰਾਨ ਬੋਰਡ ਵਲੋਂ 21,740 ਲਾਭਪਾਤਰੀਆਂ ਨੂੰ 13.44 ਕਰੋੜ ਰੁਪਏ ਦਾ ਲਾਭ ਦਿੱਤਾ ਗਿਆ ਹੈ। ਉਨਾਂ ਦੱਸਿਆ ਕਿ ਮਾਰਚ ਅਤੇ ਅਪ੍ਰੈਲ ਮਹੀਨੇ ਦੌਰਾਨ 6000 ਰੁਪਏ ਦਾ ਲਾਭ ਹਰ ਲਾਭਪਾਤਰੀ ਦੇ ਬੈਂਕ ਖਾਤਿਆਂ ਵਿੱਚ ਦੋ ਕਿਸਤਾਂ ਵਿੱਚ ਤਬਦੀਲ ਕੀਤਾ ਗਿਆ ਹੈ।

ਉਨਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਕੋਵਿਡ-19 ਖਿਲਾਫ਼ ਜੰਗ ਨੂੰ ਹੇਠਲੇ ਪੱਧਰ ਤੱਕ ਲੜਨ ਲਈ 'ਮਿਸ਼ਨ ਫ਼ਤਿਹ' ਤਹਿਤ ਕੋਰੋਨਾ ਵਾਇਰਸ ਮਹਾਂਮਾਰੀ ਖਿਲਾਫ ਮਹੀਨਾ ਭਰ ਚੱਲਣ ਵਾਲੀ ਜਨ ਜਾਗਰੂਕਤਾ ਮੁਹਿੰਮ ਦੀ ਪਹਲੀ ਜੂਨ ਤੋਂ ਸ਼ੁਰੂਆਤ ਕੀਤੀ ਗਈ ਹੈ। ਇਸ ਮੁਹਿੰਮ ਦਾ ਮੁੱਖ ਮੰਤਵ ਕੋਰੋਨਾ ਵਾਇਰਸ ਮਹਾਂਮਾਰੀ ਖਿਲਾਫ਼ ਜੰਗ ਨੂੰ ਮੋਹਰਲੀਆਂ ਕਤਾਰਾਂ ਵਿੱਚ ਟਾਕਰਾ ਕਰਨ ਵਾਲਿਆਂ ਤੋਂ ਅੱਗੇ ਲੈ ਕੇ ਇਸ ਖਿਲਾਫ਼ ਪੰਜਾਬ ਦੇ ਹਰ ਵਿਅਕਤੀ ਨੂੰ ਸ਼ਾਮਿਲ ਕਰਕੇ ਕੋਵਿੰਡ ਜੰਗ ਨੂੰ ਲੋਕਾਂ ਦੀ ,ਲੋਕਾਂ ਦੁਆਰਾ ਅਤੇ ਲੋਕਾਂ ਲਈ ਬਣਾਉਣਾ ਹੈ।

ਸਹਾਇਕ ਕਿਰਤ ਕਮਿਸ਼ਨਰ ਫਿਰੋਜਪੁਰ ਸ਼੍ਰੀ ਵਿਪਨ ਪਰਮਾਰ ਨੇ ਦੱਸਿਆ ਕਿ ਕਿਰਤ ਵਿਭਾਗ ਸੰਕਟ ਦੀ ਇਸ ਘੜੀ ਵਿੱਚ ਗਰੀਬ ਅਤੇ ਜਰੂਰਤਮੰਦ ਮਜਦੂਰਾਂ ਤੱਕ ਰਾਹਤ ਪਹੁੰਚਾਣ ਲਈ 24 ਘੰਟੇ ਕੰਮ ਕਰ ਰਿਹਾ ਹੈ । ਉਨ੍ਹਾਂ ਨੇ ਦੱਸਿਆ ਕਿ ਲਾਕਡਾਉਨ ਅਤੇ ਕਰਫਿਊ ਪੀਰਿਅਡ ਵਿੱਚ 2717 ਉਸਾਰੀ ਮਜਦੂਰਾਂ ਨੂੰ 2. 93 ਕਰੋੜ ਰੁਪਏ ਦਾ ਮੁਨਾਫ਼ਾ ਪ੍ਰਦਾਨ ਕਰਣ ਲਈ ਉਨ੍ਹਾਂ ਦੇ ਕੇਸ ਉਸਾਰੀ ਸ਼ਰਮਿਕ ਵੈਲਫੇਇਰ ਬੋਰਡ ਦੇ ਵੱਲੋਂ ਅਪ੍ਰੂਵ ਕਰ ਲੇ ਗਏ ਹਨ ਅਤੇ ਛੇਤੀ ਹੀ ਇਹ ਰਾਸ਼ੀ ਉਸਾਰੀ ਮਜਦੂਰਾਂ ਦੇ ਬੈਂਕ ਖਾਤੀਆਂ ਵਿੱਚ ਟਰਾਂਸਫਰ ਕਰ ਦਿੱਤੀ ਜਾਵੇਗੀ । ਉਨ੍ਹਾਂ ਕਿਹਾ ਕਿ ਵਿਭਾਗ ਕੋਰੋਨਾ ਵਾਇਰਸ ਦੇ ਖਿਲਾਫ ਚੱਲ ਰਹੀ ਇਸ ਲੜਾਈ ਵਿੱਚ ਇਸ ਮਹੱਤਵਪੂਰਣ ਵਰਗ ਦੀ ਹਰ ਸੰਭਵ ਮਦਦ ਲਈ ਵਚਨਬੱਧ ਹੈ ਤਾਂਕਿ ਇਹ ਸਭ ਲੋਕ ਇਸ ਮੁਸੀਬਤ ਤੋਂ ਪਾਰ ਪਾ ਸਕਣ ।

I/31645/2020

ਜਿਲਾ ਲੋਕ ਸੰਪਰਕ ਅਫਸਰ, ਫਿਰੋਜਪੁਰ

**ਮਿਸ਼ਨ ਫਤਿਹ: ਜਿਲ੍ਹੇ ਵਿੱਚ ਕੋਰੋਨਾ ਵਾਇਰਸ ਦੀ ਜਾਂਚ ਲਈ 4075 ਲੋਕਾਂ ਦੇ ਸੈਂਪਲ ਲਏ ਗਏ, 88 . 12 ਫ਼ੀਸਦੀ ਸੈਂਪਲ ਨਿਕਲੇ ਨੈਗੇਟਿਵ: ਡਿਪਟੀ ਕਮਿਸ਼ਨਰ**

**ਕਿਹਾ, ਮਿਸ਼ਨ ਫਤਿਹ ਦੇ ਤਹਿਤ ਜਿਲ੍ਹੇ ਵਿੱਚ ਕੋਰੋਨਾ ਵਾਇਰਸ ਨੂੰ ਪੂਰੀ ਤਰ੍ਹਾਂ ਕਾਬੂ ਕਰਣ ਲਈ ਤੇਜ ਕਰ ਦਿੱਤੀ ਗਈ ਹੈ ਸੈਂਪਲਿੰਗ**

**ਜਿਲਾ ਪ੍ਰਸ਼ਾਸਨ ਵੱਲੋਂ ਇਸ ਰੋਗ ਨੂੰ ਕਾਬੂ ਕਰਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ**

ਫਿਰੋਜਪੁਰ, 6 ਜੂਨ -

ਡਿਪਟੀ ਕਮਿਸ਼ਨਰ ਫਿਰੋਜਪੁਰ ਸ਼੍ਰੀ ਕੁਲਵੰਤ ਸਿੰਘ ਨੇ ਕਿਹਾ ਹੈ ਕਿ ਮੁੱਖਮੰਤਰੀ ਕੈਪਟਨ ਅਮਰੇਂਦਰ ਸਿੰਘ ਵੱਲੋਂ ਲਾਂਚ ਕੀਤੇ ਗਏ ਮਿਸ਼ਨ ਫਤਿਹ ਦੇ ਤਹਿਤ ਸਿਹਤ ਵਿਭਾਗ ਵੱਲੋਂ ਜਿਲ੍ਹੇ ਵਿੱਚ ਕੋਰੋਨਾ ਵਾਇਰਸ ਨੂੰ ਲੈ ਕੇ ਹੋਣ ਵਾਲੀ ਸੈਂਪਲਿੰਗ ਕਾਫ਼ੀ ਤੇਜ ਕਰ ਦਿੱਤੀ ਗਈ ਹੈ ।

ਵਧੇਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂਨੇ ਦੱਸਿਆ ਕਿ ਹੁਣ ਤੱਕ ਜਿਲ੍ਹੇ ਵਿੱਚ 4075 ਲੋਕਾਂ ਦੀ ਸੈਂਪਲਿੰਗ ਕੀਤੀ ਜਾ ਚੁੱਕੀ ਹੈ, ਜਿਸ ਵਿਚੋਂ 3591 ਲੋਕਾਂ ਦੀ ਟੇਸਟ ਰਿਪੋਰਟ ਨੈਗੇਟਿਵ ਆਈ ਹੈ, ਜੋਕਿ ਕੁਲ ਸੈਂਪਲਾਂ ਦਾ 88 ਫ਼ੀਸਦੀ ਤੋਂ ਜ਼ਿਆਦਾ ਹੈ । ਉਨ੍ਹਾਂ ਕਿਹਾ ਕਿ ਜਿਲਾ ਪ੍ਰਸ਼ਾਸਨ ਇਸ ਰੋਗ ਨੂੰ ਕਾਬੂ ਵਿੱਚ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਜਿਸਦੇ ਤਹਿਤ ਸਭ ਤੋਂ ਪਹਿਲਾਂ ਸੈਂਪਲਿੰਗ ਸਮਰੱਥਾ ਵਿੱਚ ਵਾਧਾ ਕੀਤਾ ਗਿਆ ਹੈ ।

ਉਨ੍ਹਾਂ ਕਿਹਾ ਕਿ ਹੁਣ ਤੱਕ ਜਿਨ੍ਹਾਂ 4075 ਲੋਕਾਂ ਦੇ ਸੈਂਪਲ ਜਾਂਚ ਲਈ ਇਕੱਠੇ ਕੀਤੇ ਗਏ ਹਨ , ਉਨ੍ਹਾਂ ਵਿੱਚ 259 ਲੋਕ ਨਾਂਦੇੜ ਸਾਹਿਬ ਤੋਂ ਪਰਤੇ ਸਨ, 3 ਲੋਕ ਕੋਟਾ ਤੋ ਵਾਪਸ ਆਏ ਸੀ, 704 ਪਰਵਾਸੀ ਮਜਦੂਰ ਸਨ ਅਤੇ 3073 ਅਜਿਹੇ ਲੋਕ ਸਨ , ਜੋਕਿ ਸਲਮ ਏਰਿਆ ਵਿੱਚ ਰਹਿੰਦੇ ਹਨ ਜਾਂ ਫਿਰ ਜਿਨ੍ਹਾਂ ਨੇ ਖੰਘ-ਜੁਕਾਮ ਦੀ ਦਵਾਈ ਲਈ ਸਰਕਾਰੀ ਹਸਪਤਾਲ ਦੇ ਫਲੂ ਕਾਰਨਰ ਵਿੱਚ ਪਹੁੰਚ ਕੀਤੀ ਸੀ । ਉਨ੍ਹਾਂ ਕਿਹਾ ਕਿ ਕੁਲ 3591 ਲੋਕਾਂ ਦੇ ਸੈਂਪਲ ਨੈਗੇਟਿਵ ਆਏ ਹਨ ਜਦੋਂ ਕਿ 116 ਲੋਕਾਂ ਦੇ ਸੈਂਪਲ ਦੁਬਾਰਾ ਰਿਪੀਟ ਕੀਤੇ ਗਏ ਹਨ ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੁਣ ਤੱਕ ਜਿਲ੍ਹੇ ਵਿੱਚ ਕੁਲ 43 ਕੋਰੋਨਾ ਪਾਜਿਟਿਵ ਮਰੀਜ ਰਿਪੋਰਟ ਹੋਏ ਸਨ , ਜੋਕਿ ਇਲਾਜ ਤੋਂ ਬਾਅਦ ਸਿਵਲ ਹਸਪਤਾਲ ਵਿਚੋਂ ਠੀਕ ਹੋਕੇ ਆਪਣੇ ਘਰ ਪਰਤ ਚੁੱਕੇ ਹਨ । ਉਨ੍ਹਾਂ ਦੱਸਿਆ ਕਿ ਮਿਸ਼ਨ ਫਤੇਹ ਦੇ ਤਹਿਤ ਇੱਕ ਵਿਸ਼ਾਲ ਸੈਂਪਲਿੰਗ ਮੁਹਿੰਮ ਸ਼ੁਰੂ ਕੀਤੀ ਗਈ ਹੈ , ਜਿਸਦੇ ਤਹਿਤ ਵੱਡੀ

ਤਾਦਾਦ ਵਿੱਚ ਲੋਕਾਂ ਦੇ ਸੈਂਪਲ ਲਏ ਜਾ ਰਹੇ ਹਨ ਤਾਂ ਜੋ ਜਿਲ੍ਹੇ ਵਿਚ ਕੋਰੋਨਾ ਵਾਇਰਸ  ਦੇ ਖਤਰੇ ਨੂੰ ਪੂਰੀ ਤਰ੍ਹਾਂ ਨਾਲ ਕਾਬੂ ਵਿੱਚ ਕੀਤਾ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਰੋਨਾ ਵਾਇਰਸ ਨੂੰ ਲੈ ਕੇ ਲੋਕਾਂ ਨੂੰ ਪਰੇਸ਼ਾਨ ਹੋਣ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਇਸ ਰੋਗ ਤੋਂ ਬਚਾਉਣ ਲਈ ਸਾਰੇ ਜਰੂਰੀ ਕਦਮ  ਚੁੱਕੇ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਇਸ ਵਾਇਰਮ ਤੋਂ ਆਪਣੇ ਆਪ ਨੂੰ ਬਚਾਉਣ ਲਈ ਸਰਕਾਰ  ਵੱਲੋਂ ਜਾਰੀ ਕੁੱਝ ਸੁਝਾਵਾਂ ਨੂੰ ਅਪਨਾਉਣ ਦੀ ਅਪੀਲ ਵੀ ਕੀਤੀ, ਜਿਸ ਵਿੱਚ ਸੋਸ਼ਲ ਡਿਸਟੈਂਸਿੰਗ, ਮਾਸਕ ਪਹਿਨਣ, ਹੱਥ ਧੋਣੇ ਦੀ ਆਦਤ ਨੂੰ ਅਪਨਾਉਣਾ ਸ਼ਾਮਿਲ ਹੈ। ਉਨ੍ਹਾਂ ਕਿਹਾ ਕਿ ਇਸ ਜਾਗਰੂਕਤਾ ਮੁਹਿੰਮ ਨੂੰ ਇੱਕ ਲੋਕ ਲਹਿਰ ਬਣਾਉਣ ਦੀ ਜ਼ਰੂਰਤ ਹੈ, ਜਿਸਦੇ ਨਾਲ ਅਸੀ ਇਸ ਲੜਾਈ ਨੂੰ ਜਿੱਤ ਸੱਕਦੇ ਹਾਂ ।

I/31693/2020

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ**

**ਮਿਸ਼ਨ ਫ਼ਤਿਹ:**

**ਕਿਸਾਨਾਂ ਨੂੰ ਵਧੀਆ ਕੁਆਲਿਟੀ ਦੀਆਂ ਖਾਦਾਂ ਮੁਹੱਈਆ ਕਰਵਾਉਣ ਲਈ ਖੇਤੀਬਾੜੀ ਵਿਭਾਗ ਵੱਲੋਂ ਕੀਤੀ ਜਾ ਰਹੀ ਹੈ ਚੈਕਿੰਗ**

**ਜ਼ਿਲ੍ਹੇ ਅੰਦਰ 25 ਫ਼ੀਸਦੀ ਰਕਬੇ 'ਤੇ ਝੋਨੇ ਦੀ ਸਿੱਧੀ ਬਿਜਾਈ ਕੀਤੀ ਗਈ: ਗੁਰਮੇਲ ਸਿੰਘ**

**ਫਿਰੋਜ਼ਪੁਰ**, 6 **ਜੂਨ** 2020.

**ਖੇਤੀਬਾੜੀ ਵਿਭਾਗ ਵੱਲੋਂ ਮਿਸ਼ਨ ਫ਼ਤਿਹ ਤਹਿਤ ਕੁਆਲਿਟੀ ਕੰਟਰੋਲ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਖਾਦਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਕਿਸਾਨਾਂ ਨੂੰ ਝੋਨੇ ਦੌਰਾਨ ਸਹੀ ਕੁਆਲਿਟੀ ਦੀਆਂ ਖਾਦਾਂ ਮੁਹੱਈਆ ਕਰਵਾਉਣ ਲਈ ਟੀਮਾਂ ਵੱਲੋਂ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਮੁੱਖ ਖੇਤੀਬਾੜੀ ਅਫਸਰ ਡਾ. ਗੁਰਮੇਲ ਸਿੰਘ ਨੇ ਦਿੱਤੀ।**

**ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਕਿਸਾਨਾਂ ਨੂੰ ਝੋਨੇ ਦੇ ਸੀਜ਼ਨ ਦੌਰਾਨ ਕੁਆਲਿਟੀ ਖਾਦ ਮੁਹੱਈਆ ਕਰਵਾਉਣ ਲਈ ਅਤੇ ਮਾੜੀਆਂ ਖਾਦਾਂ ਦੀ ਵਿਕਰੀ ਰੋਕਣ ਲਈ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵੀ ਡੀਲਰ ਜਾਂ ਸਹਿਕਾਰੀ ਸਭਾਵਾਂ ਪਾਸੋਂ ਮਾੜੀਆਂ ਖਾਦਾਂ ਦੀ ਵਿਕਰੀ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕੁਆਲਿਟੀ ਕੰਟਰੋਲ ਦੀਆਂ ਸਾਡੀਆਂ ਟੀਮਾਂ ਮੁੱਖ ਤੌਰ 'ਤੇ ਮਾਕਰੋਨਿਊਟਰਿਐਂਟ ਖਾਦਾਂ, ਬਾਇਓ ਖਾਦਾਂ ਅਤੇ ਓਰਗੈਨਿਕ ਖਾਦਾਂ ਦੀ ਚੈਕਿੰਗ ਕਰ ਰਹੀਆਂ ਹਨ।**

**ਉਨ੍ਹਾਂ ਕਿਹਾ ਕਿ ਮਿਸ਼ਨ ਫ਼ਤਿਹ ਤਹਿਤ ਬਲਾਕ ਖੇਤੀਬਾੜੀ ਅਫਸਰ ਨੂੰ ਇਹ ਸਖ਼ਤ ਤੌਰ 'ਤੇ ਹਦਾਇਤ ਕੀਤੀ ਗਈ ਹੈ ਕਿ ਬਲਾਕ ਵਿਚ ਪੈਂਦੇ ਜਿਹੜੇ ਦੀ ਬੀਜ ਦੇ ਡੀਲਰ ਹਨ ਉਨ੍ਹਾਂ ਦੀ ਚੈਕਿੰਗ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦਾ ਮਾੜਾ ਜਾਂ ਵੱਧ ਰੇਟ ਤੇ ਬੀਜ ਨਾ ਵੇਚਿਆਂ ਜਾਵੇ।**

**ਡਾ. ਗੁਰਮੇਲ ਸਿੰਘ ਨੇ ਦੱਸਿਆ ਕਿ ਇਸ ਸਾਲ ਝੋਨੇ ਦੀ ਸਿੱਧੀ ਬਿਜਾਈ ਹੇਠ ਜ਼ਿਲ੍ਹੇ ਵਿਚ** 25 **ਫ਼ੀਸਦੀ ਰਕਬਾ ਆਇਆ ਹੈ। ਸਿੱਧੀ ਬਿਜਾਈ ਹੋਣ ਨਾਲ ਪਾਣੀ, ਬਿਜਲੀ ਅਤੇ ਕੋਵਿਡ-**19 **ਕਰਕੇ ਲੇਬਰ ਦੀ ਘਾਟ ਹੋਣ ਦਾ ਮਸਲਾ ਵੀ ਹੱਲ ਹੋਇਆ ਹੈ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਮਿਸ਼ਨ ਫ਼ਤਿਹ ਤਹਿਤ ਉਨ੍ਹਾਂ ਦੇ ਸਟਾਫ਼ ਵੱਲੋਂ ਕੋਵਿਡ-**19 **ਤਹਿਤ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾ ਰਹੀ ਹੈ।**